# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :22-07-2026**

ਪੰਜਾਬ ਕੈਬਨਿਟ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ 13ਵਾਂ ਇਜਲਾਸ 3 ਅਗਸਤ ਤੋਂ 10 ਅਗਸਤ ਤੱਕ ਬੁਲਾਉਣ ਦੀ ਪ੍ਰਵਾਨਗੀ ਦੇ ਦਿੱਤੀ ਏ। ਕਲ੍ਹ ਇਸ ਸਬੰਧੀ ਫੈਸਲਾ ਮੰਤਰੀ ਪ੍ਰੀਸ਼ਦ ਨੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਆਪਣੀ ਮੀਟਿੰਗ ਵਿੱਚ ਲਿਆ। ਇਸ ਬਾਰੇ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ 16ਵੀਂ ਪੰਜਾਬ ਵਿਧਾਨ ਸਭਾ ਦਾ 12ਵਾਂ ਸੈਸ਼ਨ Pਮਈ, 2026 ਨੂੰ ਸਮਾਪਤ ਹੋਇਆ ਸੀ। ਇਸ ਲਈ ਮੰਤਰੀ ਮੰਡਲ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ 13ਵਾਂ ਸੈਸ਼ਨ 3 ਤੋਂ 10 ਅਗਸਤ ਤੱਕ ਬੁਲਾਉਣ ਦੀ ਸਿਫਾਰਸ਼ ਕੀਤੀ ਏ। ਇੱਕ ਹੋਰ ਮਹੱਤਵਪੂਰਨ ਫੈਸਲੇ ਵਿੱਚ, ਮੰਤਰੀ ਮੰਡਲ ਨੇ ਪੰਜਾਬ ਪੁਲਿਸ ਵਿੱਚ ਸਬ ਇੰਸਪੈਕਟਰ (ਐਸਆਈ) ਰੈਂਕ 'ਤੇ ਸਿੱਧੀ ਭਰਤੀ ਨੂੰ ਖਤਮ ਕਰਨ ਲਈ ਪੰਜਾਬ ਪੁਲਿਸ ਨੇਮਾਂ , 1934 ਵਿੱਚ ਸੋਧ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ। ਇਹ ਵੀ ਫੈਸਲਾ ਕੀਤਾ ਗਿਆ ਕਿ ਜ਼ਿਲ੍ਹਾ, ਖੁਫੀਆ, ਜਾਂਚ ਅਤੇ ਟੀਐਸਐਸ ਕੇਡਰ ਵਿੱਚ 30% ਫੀਸਦੀ ਲਈ ਏਐਸਆਈ ਰੈਂਕ 'ਤੇ

ਸਿੱਧੀ ਭਰਤੀ ਕੀਤੀ ਜਾਵੇਗੀ, ਅਤੇ ਆਰਮਡ ਕੇਡਰ ਵਿੱਚ 10 ਫੀਸਦੀ. ਪਹਿਲਾਂ ਸਬ-ਇੰਸਪੈਕਟਰਾਂ ਦੀ ਭਰਤੀ 50 ਫੀਸਦੀ ਅਸਾਮੀਆਂ ਤੱਕ ਸਿੱਧੀ ਭਰਤੀ ਰਾਹੀਂ ਕੀਤੀ ਜਾਂਦੀ ਸੀ।

ਵੀਬੀ-ਜੀ ਰੈਮ ਜੀ ਸਕੀਮ ਨੂੰ ਲਾਗੂ ਕਰਨ ਲਈ ਕੈਬਨਿਟ ਉਪ-ਕਮੇਟੀ ਦੇ ਗਠਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਏ. ਸਨਅਤ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਇੱਕ ਹੋਰ ਪਹਿਲਕਦਮੀ ਵਿੱਚ, ਮੰਤਰੀ ਮੰਡਲ ਨੇ "ਏਕੀਕ੍ਰਿਤ ਨਵੀਨਤਾ ਅਤੇ ਸਟਾਰਟਅੱਪ ਸੈਂਟਰ" ਦੀ ਸਥਾਪਨਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਕੋਰੀਆ ਦੇ ਪੈਂਗਯੋ ਟੈਕਨੋ ਵੈਲੀ ਮਾਡਲ, ਦੇ ਅਧਾਰ ਤੇ ਕਾਲਕਟ ਭਵਨ, ਮੋਹਾਲੀ ਵਿਖੇ ਇੱਕ ਏਕੀਕ੍ਰਿਤ ਨਵੀਨਤਾ ਅਤੇ ਸਟਾਰਟਅੱਪ ਸੈਂਟਰ ਕਾਇਮ ਕੀਤਾ ਜਾਵੇਗਾ। ਇਹ ਕੇਂਦਰ ਖੇਤੀਬਾੜੀ ਤਕਨੀਕੀ ਸਟਾਰਟ-ਅੱਪਸ ਅਤੇ ਹੋਰ ਖੇਤਰਾਂ ਵਿੱਚ ਸਟਾਰਟਅੱਪਸ ਨੂੰ ਪੂਰਾ ਕਰੇਗਾ। ਮੰਤਰਮੰਡਲ ਨੇ ਨਦੀਆਂ ਅਤੇ ਨਾਲੀਆਂ ਨੂੰ ਸਾਫ਼ ਕਰਨ ਦੀ ਆਗਿਆ ਦੇਣ ਲਈ ਸਮਾਂ ਵਧਾਉਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ.

------------------------------------------------------------

ਆਉਂਦੀ ਸਾਉਣੀ ਖਰੀਦ ਰੁਤ ਦੌਰਾਨ ਕੇਂਦਰੀ ਪੂਲ ਲਈ ਪੰਜਾਬ ਨੂੰ 180 ਲੱਖ ਮੀਟ੍ਰਿਕ ਟਨ (LMT) ਝੋਨਾ ਖਰੀਦਣ ਲਈ ਕਿਹਾ ਗਿਆ ਏ ।ਇਸ ਬਾਰੇ ਕੱਲ੍ਹ ਚੰਡੀਗੜ੍ਹ ਵਿਖੇ ਹੋਈ ਪੰਜਾਬ ਦੇ ਮੰਤਰੀਆਂ ਦੇ

ਸਮੂਹ (ਜੀਓਐਮ) ਦੀ ਮੀਟਿੰਗ ਦੌਰਾਨ ਵਿਚਾਰ-ਵਟਾਂਦਰਾ ਕੀਤਾ ਗਿਆ। ਸੰਬੰਧਿਤ ਰਾਜ ਅਧਿਕਾਰੀਆਂ ਨੇ ਮੰਤਰੀਆਂ ਨੂੰ ਭਾਰਤ ਸਰਕਾਰ ਦੀ ਮੰਗ ਬਾਰੇ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਕਿਹਾ ਕਿ ਝੋਨਾ 2 ਹਜ਼ਾਰ 462 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦਿਆ ਜਾਵੇਗਾ। ਮੰਤਰੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਮੌਜੂਦਾ ਸਾਲ ਜਨਵਰੀ ਤੋਂ ਜੁਲਾਈ ਤੱਕ ਪੰਜਾਬ ਤੋਂ ਅਨਾਜ ਦੀ ਆਮਦ 75.67 ਲੱਖ ਮੀਟ੍ਰਿਕ ਟਨ ਏ । ਇਸ ਵਿੱਚੋਂ ਕੁੱਲ 37.13 ਲੱਖ ਮੀਟ੍ਰਿਕ ਟਨ ਕਣਕ ਏ ਅਤੇ 38.54 ਲੱਖ ਮੀਟ੍ਰਿਕ ਟਨ ਝੋਨੇ ਲਈ ਏ । ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਅਤੇ ਜਲ ਸਰੋਤ ਮੰਤਰੀ ਦੀ ਸ਼ਮੂਲੀਅਤ ਵਾਲੇ ਮੰਤਰੀ ਸਮੂਹ ਦੀ ਮੀਟਿੰਗ, ਆਉਣ ਵਾਲੇ ਝੋਨੇ ਦੇ ਖਰੀਦ ਸੀਜ਼ਨ 2026-27 ਅਤੇ ਕਣਕ ਦੇ ਖਰੀਦ ਸੀਜ਼ਨ 2027-28 ਦੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਆਯੋਜਿਤ ਕੀਤੀ ਗਈ ਸੀ। <

---

ਚੰਡੀਗੜ੍ਹ ਦੇ ਵਿਰਾਸਤੀ ਫਰਨੀਚਰ ਦੀ ਨੀਲਾਮੀ, ਜੋ ਕਿ ਅੱਜ ਸਪੇਨ ਦੇ ਬਾਰਸੀਲੋਨਾ ਵਿੱਚ ਹੋਣੀ ਸੀ, ਨੂੰ ਚੰਡੀਗੜ੍ਹ ਪ੍ਰਸ਼ਾਸਨ ਦੀ ਬੇਨਤੀ 'ਤੇ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ (MEA) ਵਲੋਂ ਸਮੇਂ ਸਿਰ ਦਖਲ

ਦੇਣ ਨਾਲ ਰੋਕ ਦਿੱਤਾ ਗਿਆ ਏ। ਅਧਿਕਰਿਤ ਹਲਕਿਆਂ ਮੁਤਾਬਿਕ, MEA ਨੇ ਚੰਡੀਗੜ੍ਹ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਏ ਕਿ ਸਪੇਨ ਵਿੱਚ ਭਾਰਤ ਦੇ ਦੂਤਘਰ ਦੇ ਦਖਲ ਤੋਂ ਬਾਅਦ, ਸਬੰਧਿਤ ਵਿਰਾਸਤੀ ਫਰਨੀਚਰ ਨੂੰ ਨਿਲਾਮੀ ਤੋਂ ਵਾਪਸ ਲੈ ਲਿਆ ਗਿਆ ਏ। ਕਿਹਾ ਜਾਂਦਾ ਏ ਕਿ ਫਰਨੀਚਰ ਸ਼ਹਿਰ ਦੀ ਪਛਾਣ, ਆਧੁਨਿਕਤਾਵਾਦੀ ਭਵਨਨਿਰਮਾਣ ਕਲਾ ਨਾਲ ਜੁੜ੍ਹੇ ਚੰਡੀਗੜ੍ਹ ਦੇ ਸੰਸਥਾਗਤ ਵਿਰਸੇ ਦਾ ਹਿੱਸਾ ਏ.

---------------------------------------------------------

ਪਠਾਨਕੋਟ-ਜਲੰਧਰ ਰਾਸ਼ਟਰੀ ਸ਼ਾਹਰਾਹ 'ਤੇ ਪਿੰਡ ਕੋਂਤਰਪੁਰ ਨੇੜੇ ਅੱਜ ਸਵੇਰੇ ਇੱਕ ਸੜ੍ਹਕ ਹਾਦਸੇ ਵਿੱਚ ਦੋ ਨੌਜਵਾਨਾਂ ਦੀ ਮੌਤ ਹੋ ਗਈ, ਜਦਕਿ ਚਾਰ ਹੋਰ ਵਿਅਕਤੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਜ਼ਖਮੀਆਂ ਵਿੱਚ ਇੱਕ ਛੋਟੀ ਬੱਚੀ ਵੀ ਸ਼ਾਮਲ ਏ। ਚਸ਼ਮਦੀਦਾਂ ਨੇ ਦੱਸਿਆ ਕਿ ਇੱਕ ਨਿੱਜੀ ਕੰਪਨੀ ਦੀ ਸਲੀਪਰ ਬੱਸ ਜਲੰਧਰ ਵੱਲੋਂ ਪਠਾਨਕੋਟ ਵੱਲ ਆ ਰਹੀ ਸੀ ਇਸ ਦੌਰਾਨ ਬੱਸ ਨੇ ਪਹਿਲਾਂ ਇੱਕ ਸਕੂਟੀ ਸਵਾਰ ਔਰਤ ਨੂੰ ਟੱਕਰ ਮਾਰੀ ਅਤੇ ਫਿਰ ਦੋ ਮੋਟਰਸਾਈਕਲ ਸਵਾਰਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਦੋ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਚਾਰ ਹੋਰ ਗੰਭੀਰ ਜ਼ਖਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਪ੍ਰਸ਼ਾਸਨ ਮੌਕੇ 'ਤੇ ਪਹੁੰਚ ਗਿਆ ਅਤੇ ਸਥਿਤੀ ਨੂੰ ਕਾਬੂ ਕੀਤਾ। ਐਸਪੀ ਗੁਰਇਕਬਾਲ ਸਿੰਘ

ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ – byte – SP ਗੁਰਇਕਬਾਲ ਸਿੰਘ – 14 sec

--------------------------------------------------------------

ਪੰਜਾਬ ਦੇ ਮੁੱਖ ਚੋਣ ਅਫ਼ਸਰ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ SIR 2026 ਦੇ ਚੱਲ ਰਹੇ ਘਰ-ਘਰ ਗਣਨਾ ਪੜਾਅ ਦੌਰਾਨ ਨਿਰਧਾਰਤ ਸਮੇਂ ਤੋਂ ਪਹਿਲਾਂ ਗਣਨਾ ਫਾਰਮਾਂ ਦੀ 100 ਫ਼ੀਸਦ ਡਿਜੀਟਾਈਜ਼ੇਸ਼ਨ ਦਾ ਟੀਚਾ ਹਾਸਲ ਕਰਨ ਲਈ ਜਿਲ੍ਹਾ ਮੋਗਾ ਦੇ ਬਾਘਾਪੁਰਾਣਾ ਵਿਧਾਨ ਸਭਾ ਹਲਕੇ ਦੇ ਚੋਣ ਅਮਲੇ ਨੂੰ ਵਧਾਈ ਦਿੱਤੀ ਏ । ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਤਹਿਤ 100 ਫ਼ੀਸਦੀ ਡਿਜੀਟਾਈਜੇਸ਼ਨ ਹਾਸਿਲ ਕਰਨ ਵਾਲਾ ਬਾਘਾਪੁਰਾਣਾ ਸੂਬੇ ਦਾ ਪੰਜਵਾਂ ਹਲਕਾ ਬਣ ਗਿਆ ਏ । ਸ੍ਰੀਮਤੀ ਮਿਤਰਾ ਨੇ ਇਸ ਅਹਿਮ ਪ੍ਰਾਪਤੀ ਲਈ ਜ਼ਿਲ੍ਹਾ ਚੋਣ ਅਧਿਕਾਰੀ, ਈਆਰਓਜ਼, ਏਈਆਰਓਜ਼ ਅਤੇ ਬੀਐਲਓਜ਼ ਦੀਆਂ ਸਮੂਹਿਕ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ. ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਸਾਰੇ ਜ਼ਿਲ੍ਹੇ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਡਿਜੀਟਾਈਜ਼ੇਸ਼ਨ ਦਾ ਕੰਮ ਮੁਕੰਮਲ ਕਰ ਲੈਣਗੇ। ਉਨ੍ਹਾਂ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ, ਜਿਨ੍ਹਾਂ ਨੇ ਅਜੇ ਤੱਕ ਆਪਣੇ ਗਣਨਾ ਫਾਰਮ ਆਪਣੇ ਬੂਥ ਪਧਰ ਦੇ

ਅਧਿਕਾਰੀਆਂ, BLOs ਕੋਲ ਜਮ੍ਹਾਂ ਨਹੀਂ ਕਰਵਾਏ ਨੇ, ਉਹ ਜਲਦ ਤੋਂ ਜਲਦ ਇਹ ਫਾਰਮ ਜਮ੍ਹਾਂ ਕਰਵਾਉਣ ਤਾਂ ਜੋ ਖਰੜਾ ਵੋਟਰ ਸੂਚੀਆਂ ਵਿੱਚ ਉਨ੍ਹਾਂ ਦਾ ਨਾਂ ਸ਼ਾਮਿਲ ਕੀਤਾ ਜਾਣਾ ਯਕੀਨੀ ਬਣਾਇਆ ਜਾ ਸਕੇ।